# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 01-09-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ, ਵਿਸ਼ਵ ਪੱਧਰ 'ਤੇ ਸਭ ਤੋਂ ਵੱਧ ਅਵਸਰਾਂ ਵਾਲਾ ਦੇਸ਼ ਏ । ਉਨ੍ਹਾਂ ਦੇਸ਼ ਵਿੱਚ ਕਾਰੋਬਾਰ ਕਰਨ ਵਿੱਚ ਅਸਾਨੀ, ਸੁਧਾਰਾਂ, ਸਥਿਰ ਨੀਤੀ ਪ੍ਰਣਾਲੀ ਅਤੇ ਉੱਚ ਵਿਕਾਸ ਦਰ ਦਾ ਵੀ ਵਾਅਦਾ ਕੀਤਾ । ਇਕਨਾਮਿਕ ਟਾਈਮਜ਼ ਵਰਲਡ ਲੀਡਰਜ਼ ਫੋਰਮ ਵਿਖੇ ਕੱਲ੍ਹ ਨਿਵੇਸ਼ਕਾਂ ਨੂੰ ਕਾਢਾਂ, ਸਰਵੋਤਮ ਅਮਲ, ਸਕਾਰਾਤਮਕ ਪਹਿਲਕਦਮੀਆਂ ਅਤੇ ਉੱਚ ਗੁਣਵੱਤਾ ਵਾਲੇ ਉਤਪਾਦਾਂ  ਦਾ ਸੰਕਲਪ ਲੈਣ ਦੀ ਅਪੀਲ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ, ਅੱਜ ਸਫਲਤਾ ਦੀ ਇਕ ਵਿਲੱਖਣ ਕਹਾਣੀ ਲਿਖ ਰਿਹਾ ਏ ।

**BYTE:**

ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਸੁਧਾਰ, ਪ੍ਰਦਰਸ਼ਨ ਅਤੇ ਤਬਦੀਲੀ ਦੇ ਆਪਣੇ ਮੰਤਰ ਨਾਲ ਲੋਕਾਂ ਦੇ ਜੀਵਨ ਵਿੱਚ ਵੱਡੇ ਬਦਲਾਅ ਲਿਆਉਣ ਵਿੱਚ ਸਫਲ ਰਹੀ ਏ। ਉਨ੍ਹਾਂ ਕਿਹਾ ਕਿ 25 ਕਰੋੜ ਤੋਂ ਵੱਧ ਲੋਕ ਗਰੀਬੀ ਤੋਂ ਬਾਹਰ ਆ ਚੁੱਕੇ ਨੇ।

------------------------------------------------

ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਸਤੰਬਰ ਮਹੀਨੇ ਨੂੰ ਪੋਸ਼ਣ ਮਹੀਨੇ ਵਜੋਂ ਮਨਾਇਆ ਜਾ ਰਿਹਾ ਏ। ਇਸ ਦੌਰਾਨ ਸੂਬੇ ਵਿੱਚ 'ਇੱਕ ਪੌਦਾ ਆਪਣੀ ਮਾਂ ਦੇ ਨਾਮ' ਤੇ ਲਗਾਉਣ ਦੀ ਮੁਹਿੰਮ ਅੱਜ ਤੋਂ ਸ਼ੁਰੂ ਕੀਤੀ ਗਈ ਏ। ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ  ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਹਰਾ ਭਰਾ ਬਣਾਉਣ ਦੇ ਸੰਕਲਪ ਦੀ ਪ੍ਰੇਰਣਾ ਨਾਲ, ਇਕ ਪੌਦਾ ਆਪਣੀ ਮਾਂ ਦੇ ਨਾਮ- ਪੋਸ਼ਣ ਮਾਹ ਦੌਰਾਨ ਮੁੱਖ ਵਿਸ਼ਾ ਰੱਖਿਆ ਗਿਆ ਏ। ਉਨ੍ਹਾਂ ਦੱਸਿਆ ਕਿ ਗੰਧਲਾ ਹੋ ਰਿਹਾ ਵਾਤਾਵਰਨ ਅੱਜ ਪੂਰੀ ਮਨੁੱਖਤਾ ਲਈ ਇਕ ਵੱਡੀ ਚੁਣੌਤੀ ਏ ਅਤੇ ਇਸ ਧਰਤੀ ਤੇ ਮਾਨਵ ਜਾਤੀ ਦਾ ਭਵਿੱਖ ਅਸੁਰੱਖਿਅਤ ਹੋਣ ਲੱਗਿਆ ਏ। ਇਸ ਲਈ ਜਰੂਰੀ ਏ ਕਿ ਜਿਆਦਾ ਤੋਂ ਜਿਆਦਾ ਬੂਟੇ

ਲਗਾਏ ਜਾਣ ਅਤੇ ਉਨ੍ਹਾਂ ਨੂੰ ਸੰਭਾਲਿਆਂ ਵੀ ਜਾਵੇ। ਮੰਤਰੀ ਨੇ ਦੱਸਿਆ ਕਿ ਇਸ ਅਭਿਆਨ ਤਹਿਤ ਆਪਣੀ ਮਾਂ ਦੇ ਨਾਮ ਤੇ ਬੂਟੇ ਲਗਾਉਣ ਦੀ ਮੁਹਿੰਮ ਇਸ ਲਈ ਸ਼ੁਰੂ ਕੀਤੀ ਗਈ ਏ ਤਾਂ ਕਿ ਇਸ ਮੁਹਿੰਮ ਤਹਿਤ ਲਗਾਏ ਬੂਟਿਆਂ ਨਾਲ ਲਗਾਉਣ ਵਾਲਿਆਂ ਦੀ ਭਾਵਨਾਤਮਕ ਸਾਂਝ ਪਾਈ ਜਾ ਸਕੇ । ਉਨ੍ਹਾਂ ਨੇ ਇਸ ਮੁਹਿੰਮ ਨਾਲ ਹਰੇਕ ਪਰਿਵਾਰ ਨੂੰ ਜੁੜਨ ਦਾ ਸੱਦਾ ਦਿੱਤਾ। ਇਸ ਮੁਹਿੰਮ ਨੂੰ ਲੋਕ ਲਹਿਰ ਵਿੱਚ ਬਦਲਣ ਲਈ ਵਿਭਾਗ ਦਾ ਸਟਾਫ ਆਂਗਣਵਾੜੀ ਵਰਕਰਾਂ, ਹੈਲਪਰਾਂ, ਸੁਪਰਵਾਈਜ਼ਰਾਂ ਅਤੇ ਸੀ.ਡੀ.ਪੀ.ਓਜ਼ ਵੱਲੋਂ ਐਨ.ਜੀ.ਓਜ਼, ਆਸ਼ਾ ਵਰਕਰਾਂ, ਏ.ਐਨ.ਐਮ.ਜ਼, ਖੇਤੀਬਾੜੀ ਸਭਾਵਾਂ, ਸਹਿਕਾਰੀ ਸਭਾਵਾਂ, ਸਵੈ-ਸਹਾਇਤਾ ਸਮੂਹਾਂ ਅਤੇ ਯੂਥ ਕਲੱਬਾਂ ਨਾਲ ਮਿਲ ਕੇ ਕੰਮ ਕੀਤਾ ਜਾ ਰਿਹਾ ਏ।

---

ਪੰਜਾਬ ਦੇ ਮਾਲ, ਮੁੜ ਵਸੇਬਾ ਅਤੇ ਆਫਤ ਪ੍ਰਬੰਧਨ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਵਿਭਾਗ ਦੇ ਸਮੂਹ ਅਫ਼ਸਰਾਂ ਤੇ ਕਰਮਚਾਰੀਆਂ ਨੂੰ ਇਮਾਨਦਾਰੀ ਨਾਲ ਲੋਕਾਂ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ ਏ। ਕੱਲ

ਚੰਡੀਗੜ੍ਹ ਸਥਿਤ ਮਹਾਤਮਾ ਗਾਂਧੀ ਰਾਜ ਲੋਕ ਪ੍ਰਸ਼ਾਸ਼ਨ ਸੰਸਥਾ ਵਿਖੇ ਕਰਵਾਏ ਇਕ ਸੈਮੀਨਾਰ ਦੌਰਾਨ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਖੱਜਲ ਖੁਆਰੀ ਰਹਿਤ ਸੇਵਾਵਾਂ ਦੇਣ ਲਈ ਵਚਨਬੱਧ ਏ ਅਤੇ ਉਨ੍ਹਾਂ ਸਮੂਹ ਸਟਾਫ ਨੂੰ ਸਰਕਾਰ ਦਾ ਸਾਥ ਦੇਣ ਦੀ ਅਪੀਲ ਕੀਤੀ।

ਜ਼ਿਕਰਯੋਗ ਏ ਕਿ ਸੰਸਥਾ ਵਿਖੇ ਵਿੱਤੀ ਕਮਿਸ਼ਨਰਜ ਸਕੱਤਰੇਤ, ਪੰਜਾਬ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਦਫ਼ਤਰਾਂ ਵਿੱਚ ਵਿਹਾਰ, ਅਨੁਸ਼ਾਸਨ, ਹੁਨਰ ਅਤੇ ਇਮਾਨਦਾਰੀ ਵਿਸ਼ਿਆਂ ਸਬੰਧੀ ਇਕ ਸੈਮੀਨਾਰ ਕਰਵਾਇਆ ਗਿਆ ਸੀ। ਇਸ ਸੈਮੀਨਾਰ ਵਿੱਚ ਵਿਸ਼ੇਸ਼ ਮੁੱਖ ਸਕੱਤਰ ਤੇ ਵਿੱਤੀ ਕਮਿਸ਼ਨਰ ਮਾਲ ਕੇ.ਏ.ਪੀ. ਸਿਨਹਾ, ਤੋਂ ਇਲਾਵਾ ਪੰਜਾਬ ਦੇ 650 ਅਧਿਕਾਰੀਆਂ ਤੇ ਕਰਮਚਾਰੀਆਂ ਨੇ ਹਿੱਸਾ ਲਿਆ ਗਿਆ। ਸੈਮੀਨਾਰ ਵਿੱਚ ਸ਼ਾਮਲ ਹੋਏ ਅਧਿਕਾਰੀਆਂ ਨੇ ਆਪਣੇ ਨਿੱਜੀ ਤਜ਼ਰਬੇ ਅਤੇ ਦਫਤਰੀ ਨਿਯਮਾਂ, ਹਦਾਇਤਾਂ ਦੇ ਆਧਾਰ 'ਤੇ ਹੋਰ ਕਰਮਚਾਰੀਆਂ ਦਾ ਮਾਰਗਦਰਸ਼ਨ ਕੀਤਾ। ਵਿੱਤੀ ਕਮਿਸ਼ਨਰ ਮਾਲ ਨੇ ਕਰਮਚਾਰੀਆਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਗਈਆਂ ਅਤੇ ਕੁਝ ਦਾ

ਮੌਕੇ ਉੱਤੇ ਹੀ ਹੱਲ ਕੀਤਾ ਜਦਕਿ ਬਾਕੀ ਸਮੱਸਿਆਵਾਂ ਦਾ ਹੱਲ ਜਲਦ ਕਰਨ ਦਾ ਭਰੋਸਾ ਵੀ ਦਿੱਤਾ ਗਿਆ।

-----------------------------------------------------------------

ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਬੰਧੀ, ਅੱਜ ਗੁਰਦੁਆਰਾ ਸੰਨ੍ਹ ਸਾਹਿਬ ਬਾਸਰਕੇ ਗਿੱਲਾਂ ਤੋਂ, ਸ੍ਰੀ ਗੋਇੰਦਵਾਲ ਸਾਹਿਬ ਲਈ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਪੰਥਕ ਜਾਹੋ-ਜਲਾਲ ਨਾਲ ਨਗਰ ਕੀਰਤਨ ਸਜਾਇਆ ਗਿਆ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਾਸਰਕੇ ਨਗਰ ਸਿੱਖ ਧਰਮ ਇਤਿਹਾਸ ਅੰਦਰ ਬਹੁਤ ਅਹਿਮੀਅਤ ਵਾਲਾ ਏ , ਕਿਉਂਕਿ ਇਥੇ ਤੀਸਰੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦਾ ਪ੍ਰਕਾਸ਼ ਹੋਇਆ ਏ। ਇਸ ਤੋਂ ਇਲਾਵਾ ਇਹ ਨਗਰ ਸ੍ਰੀ ਗੁਰੂ ਰਾਮਦਾਸ ਜੀ ਦਾ ਨਾਨਕਾ ਪਿੰਡ ਵੀ ਏ ਅਤੇ ਭਾਈ ਗੁਰਦਾਸ ਜੀ ਵੀ ਇਸੇ ਨਗਰ

ਤੋਂ ਹੋਏ ਨੇ। ਸ੍ਰੀ ਗੁਰੂ ਅੰਗਦ ਦੇਵ ਜੀ ਦੀ ਸਪੁੱਤਰੀ ਬੀਬੀ ਅਮਰੋ ਜੀ ਵੀ ਇਸੇ ਨਗਰ ਵਿਚ ਵਿਆਹੇ ਹੋਏ ਸਨ। ਏਨੇ ਵੱਡੇ ਇਤਿਹਾਸਕ ਮਹੱਤਵ ਵਾਲੇ ਨਗਰ ਨੂੰ ਉਭਾਰਨ ਵੱਲ ਕੌਮ ਨੂੰ ਤਵੱਜੋਂ ਦੇਣੀ ਚਾਹੀਦੀ ਏ। ਉਨ੍ਹਾਂ ਕਿਹਾ ਕਿ 450 ਸਾਲਾ ਸ਼ਤਾਬਦੀ ਸਮਾਗਮਾਂ ਦੇ ਚਲਦਿਆਂ ਵੱਡੀ ਲੋੜ ਏ ਕਿ ਇਸ ਮਹਾਨ ਇਤਿਹਾਸਕ ਨਗਰ ਦੇ ਇਤਿਹਾਸ ਨੂੰ ਵੱਧ ਤੋਂ ਵੱਧ ਪ੍ਰਚਾਰਿਆ ਜਾਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਅਪੀਲ ਕੀਤੀ ਕਿ 16 ਤੋਂ 18 ਸਤੰਬਰ ਤੱਕ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਹੋਣ ਵਾਲੇ ਮੁੱਖ ਸ਼ਤਾਬਦੀ ਸਮਾਗਮਾਂ ਦਾ ਹਿੱਸਾ ਜ਼ਰੂਰ ਬਣਿਆ ਜਾਵੇ।